ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਮੋਗਾ

**ਵਧੀਕ ਡਿਪਟੀ ਕਮਿਸ਼ਨਰ ਵੱਲੋਂ ਗਣਤੰਤਰ ਦਿਵਸ ਦੀਆਂ ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਕੀਤੀ ਮੀਟਿੰਗ**

- **ਨਵੀਂ ਦਾਨਾ ਮੰਡੀ ਵਿਖੇ ਹੋਵੇਗਾ ਜ਼ਿਲ੍ਹਾ ਪੱਧਰੀ ਸਮਾਗਮ-ਸੰਧੂ**
- **ਸਮਾਗਮ ਦੇ ਪ੍ਰਬੰਧਾਂ ਨੂੰ ਅੰਤਿਮ ਛੋਹਾਂ ਦੇਣ ਲਈ ਅਗਲੀ ਮੀਟਿੰਗ 23 ਜਨਵਰੀ ਨੂੰ**

ਮੋਗਾ 18 ਜਨਵਰੀ:

ਵਧੀਕ ਡਿਪਟੀ ਕਮਿਸ਼ਨਰ ਮੋਗਾ ਸ. ਅਰਵਿੰਦ ਪਾਲ ਸਿੰਘ ਸੰਧੂ ਵੱਲੋਂ ਅੱਜ ਗਣਤੰਤਰ ਦਿਵਸ ਦੀਆਂ ਤਿਆਰੀਆਂ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਉਨ੍ਹਾਂ ਵੱਲੋਂ ਹੁਣ ਤੱਕ ਕੀਤੇ ਗਏ ਕਾਰਜਾਂ ਦਾ ਜ਼ਾਇਜ਼ਾ ਲਿਆ ਗਿਆ। ਉਨ੍ਹਾਂ ਵੱਲੋ ਹਰ ਇੱਕ ਵਿਭਾਗ ਨੂੰ ਸੌਂਪੀ ਗਈ ਜ਼ਿੰਮੇਂਵਾਰੀ ਸਬੰਧੀ ਜਾਣਕਾਰੀ ਲਈ ਗਈ।

ਸ. ਸੰਧੂ ਨੇ ਇਸ ਮੌਕੇ ਦੱਸਿਆ ਕਿ ਗਣਤੰਤਰ ਦਿਵਸ ਦਾ ਜ਼ਿਲ੍ਹਾ ਪੱਧਰੀ ਸਮਾਗਮ ਨਵੀਂ ਦਾਨਾ ਮੰਡੀ ਮੋਗਾ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਹੋਣ ਵਾਲੇ ਸੱਭਿਆਚਾਰਕ ਪ੍ਰੋਗਰਾਮ ਦੀਆਂ ਮੁੱਢਲੀਆਂ ਰੀਹਰਸਲਾਂ 19 ਤੋਂ 22 ਜਨਵਰੀ ਤੱਕ ਅਤੇ ਫੁੱਲ ਡਰੈੱਸ ਰੀਹਰਸਲ 23 ਜਨਵਰੀ ਨੂੰ ਦਾਨਾ ਮੰਡੀ ਵਿਖੇ ਹੋਵੇਗੀ। ਉਨਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਰੀਹਰਸਲਾਂ ਦੌਰਾਨ ਵਿਦਿਆਰਥੀਆਂ ਨੂੰ ਪੀਣ ਵਾਲੇ ਪਾਣੀ ਦਾ ਪ੍ਰਬੰਧ ਕਰਨ ਅਤੇ ਰੀਫ੍ਰੈਸ਼ਮੈਂਟ ਦਾ ਪ੍ਰਬੰਧ ਕਰਨ ਲਈ ਵੀ ਹਦਾਇਤ ਕੀਤੀ। ਉਨ੍ਹਾਂ ਇਸ ਦੌਰਾਨ ਆਰਜ਼ੀ ਪਖਾਨੇ ਤੇ ਮੈਡੀਕਲ ਟੀਮ ਦਾ ਪ੍ਰਬੰਧ ਵੀ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਦੱਸਿਆ ਕਿ ਦਾਨਾ ਮੰਡੀ ਵਿਖੇ ਵੱਖ-ਵੱਖ ਥਾਵਾਂ 'ਤੇ 8 ਸਵਾਗਤੀ ਗੇਟ ਲਗਾਏ ਜਾਣਗੇ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮਾਗਮ ਦੌਰਾਨ ਵਿਕਾਸ ਨੂੰ ਦਰਸਾਉਂਦੀਆਂ ਵੱਖ-ਵੱਖ ਵਿਭਾਗਾਂ ਵੱਲੋਂ ਝਾਕੀਆਂ ਵੀ ਕੱਢੀਆ ਜਾਣਗੀਆਂ। ਉਨ੍ਹਾਂ ਦਸਿਆ ਕਿ ਸਮਾਗਮ ਦੇ ਪ੍ਰਬੰਧਾਂ ਨੂੰ ਅੰਤਿਮ ਛੋਹਾਂ ਦੇਣ ਲਈ ਅਗਲੀ ਮੀਟਿੰਗ 23 ਜਨਵਰੀ ਨੂੰ ਫੁੱਲ ਡਰੈਸ ਰਿਹਰਸਲ ਉਪਰੰਤ ਦਾਨਾ ਮੰਡੀ ਮੋਗਾ ਵਿਖੇ ਕੀਤੀ ਜਾਵੇਗੀ।

ਇਸ ਮੀਟਿੰਗ ਵਿੱਚ ਐਸ.ਡੀ.ਐਮ ਮੋਗਾ ਸੁਰਿੰਦਰ ਕੌਰ, ਸਹਾਇਕ ਕਮਿਸ਼ਨਰ-ਕਮ-ਜ਼ਿਲ੍ਹਾ ਟਰਾਂਸਪੋਰਟ ਅਫ਼ਸਰ ਅਨੀਤਾ ਦਰਸ਼ੀ, ਜ਼ਿਲ੍ਹਾ ਮਾਲ ਅਫ਼ਸਰ ਸਵਿਤਾ ਰਾਣੀ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਛਤਰਪਾਲ ਸਿੰਘ ਬਰਾੜ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ) ਸ. ਬਲਦੇਵ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਸਕੂਲਾਂ ਦੇ ਪ੍ਰਿੰਸੀਪਲ ਤੇ ਨੁਮਾਇੰਦੇ ਆਦਿ ਹਾਜ਼ਰ ਸਨ।

--------

ਨੰ: ਪੀ.ਆਰ(ਪ੍ਰੈ ਰੀ)2015/25

